# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :16-12-2025**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਇਥੋਪੀਆ ਦੀ ਰਾਜਧਾਨੀ ਅਦੀਸ ਅਬਾਬਾ ਦੇ ਦੋ ਦਿਨਾਂ ਦੌਰੇ 'ਤੇ ਪਹੁੰਚੇ। ਤਿੰਨ ਦੇਸ਼ਾਂ ਦੇ ਦੌਰੇ ਦੇ ਆਖਰੀ ਪੜਾਅ 'ਤੇ ਓਹਭਲਕੇ ਓਮਾਨ ਪਹੁੰਚਣਗੇ.
- ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਲਈ ਪਈਆਂ ਵੋਟਾਂ ਦੀ ਭਲਕੇ ਹੋਣ ਵਾਲੀ ਗਿਣਤੀ ਲਈ ਪੁਖਤਾ ਪ੍ਰਬੰਧ ਕੀਤੇ ਗਏ ਨੇ.
- ਦੇਸ਼ ਅੱਜ 1971 ਦੀ ਜੰਗ ਵਿੱਚ ਪਾਕਿਸਤਾਨ ਉੱਤੇ ਭਾਰਤ ਦੀ ਜਿੱਤ ਦੀ ਯਾਦ ਵਿੱਚ, ਵਿਜੈ ਦਿਵਸ ਮਨਾ ਰਿਹਾ ਏ।
- ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਪੰਜਾਬ ਸਰਕਾਰ ਗੈਂਗਸਟਰਵਾਦ ਅਤੇ

ਨਜਾਇਜ਼ ਹਥਿਆਰਾਂ ਖ਼ਿਲਾਫ਼ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ 'ਤੇ ਕੰਮ ਕਰ ਰਹੀ ਏ।

- ਕ੍ਰਿਕੇਟ ਵਿੱਚ, ਭਾਰਤ ਨੇ ਅੰਡਰ-19 ਏਸ਼ੀਆ ਕੱਪ 2025 ਦੇ ਆਪਣੇ ਤੀਜੇ ਗਰੁੱਪ-ਪੜਾਅ ਦੇ ਮੈਚ ਵਿੱਚ ਮਲੇਸ਼ੀਆ ਨੂੰ 315 ਦੌੜਾਂ ਨਾਲ ਹਰਾਇਆ।

## *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਇਥੋਪੀਆ ਦੀ ਰਾਜਧਾਨੀ ਅਦੀਸ ਅਬਾਬਾ ਦੇ ਦੋ ਦਿਨਾਂ ਦੌਰੇ 'ਤੇ ਪਹੁੰਚੇ। ਪਹਿਲਾਂ ਪ੍ਰਧਾਨ ਮੰਤਰੀ ਨੇ ਅੱਜ ਜਾਰਡਨ ਦੀ ਆਪਣੀ ਦੋ ਦਿਨਾਂ ਯਾਤਰਾ ਸਮਾਪਤ ਕੀਤੀ ਜਿਸ ਦੌਰਾਨ ਓਹਨਾਂ ਨੇ ਰਾਜਾ ਅਬਦੁੱਲਾ ਦੂਜੇ ਨਾਲ ਵਿਆਪਕ ਗੱਲਬਾਤ ਕੀਤੀ ਅਤੇ ਇੱਕ ਉੱਚ-ਪਧਰੀ ਵਪਾਰਕ ਮੰਚ ਨੂੰ ਸੰਬੋਧਨ ਕੀਤਾ. ਪ੍ਰਧਾਨ ਮੰਤਰੀ ਹੁਣ ਆਪਣੇ ਤਿੰਨ ਦੇਸ਼ਾਂ ਦੇ ਦੌਰੇ ਦੇ ਆਖਰੀ ਪੜਾਅ 'ਤੇ ਭਲਕੇ 17 ਦਸੰਬਰ ਨੂੰ ਓਮਾਨ ਪਹੁੰਚ ਰਹੇ ਨੇ. ਉਹ ਓਮਾਨ ਸਲਤਨਤ ਦੇ ਮੁਖੀ ਸੁਲਤਾਨ ਹੈਥਮ ਬਿਨ ਤਾਰਿਕ ਦੇ ਸੱਦੇ 'ਤੇ ਇਸ ਦੋਸਤਾਨਾ ਖਾੜੀ ਦੇਸ਼ ਦਾ ਦੌਰਾ ਕਰ ਰਹੇ ਨੇ. ਸ਼੍ਰੀ ਮੋਦੀ ਦੇ ਨਾਲ ਇੱਕ ਉੱਚ ਪੱਧਰੀ ਵਫ਼ਦ ਵੀ ਹੋਵੇਗਾ। ਇਹ ਦੌਰਾ ਬੇਹਦ ਅਹਿਮ ਏ ਕਿਉਂਕਿ ਇਹ ਅਜਿਹੇ ਸਮੇਂ ਹੋ

ਰਿਹਾ ਏ ਜਦੋਂ ਭਾਰਤ ਅਤੇ ਓਮਾਨ ਆਪਣੇ ਕੂਟਨੀਤਕ ਸਬੰਧਾਂ ਦੀ ਸਥਾਪਨਾ ਦੀ 70ਵੀਂ ਵਰ੍ਹੇਗੰਢ ਮਨਾ ਰਹੇ ਨੇ. ਇੱਕ ਰਿਪੋਰਟ

ਭਾਰਤ ਤੇ ਓਮਾਨ ਇੱਕ ਵਿਸ਼ੇਸ਼ ਭਾਈਵਾਲੀ ਸਾਂਝੀ ਕਰਦੇ ਹਨ ਜੋ ਲੋਕਾਂ ਦੇ ਸਦੀਆਂ ਪੁਰਾਣੇ ਆਪਸੀ ਮੇਲ ਜੋਲ ਅਤੇ ਵਪਾਰਕ ਸਬੰਧਾਂ ਨਾਲ ਮਜ਼ਬੂਤ ਹੋਈ ਹੈ। ਮੌਜੂਦਾ ਸਮੇਂ ਵਿੱਚ, ਇਹ ਰਿਸ਼ਤਾ ਇੱਕ ਰਣਨੀਤਕ ਭਾਈਵਾਲੀ ਵਿੱਚ ਵਿਕਸਤ ਹੋਇਆ ਹੈ ਜਿਸਦੀ ਵਿਸ਼ੇਸ਼ਤਾ ਆਪਸੀ ਹਿੱਤਾਂ ਦੇ ਵਿਭਿੰਨ ਖੇਤਰਾਂ ਵਿੱਚ ਮਜ਼ਬੂਤ ਸਹਿਯੋਗ ਹੈ। ਪਿਛਲੇ ਸਾਲ ਦਸੰਬਰ ਵਿੱਚ ਓਮਾਨ ਦੇ ਸੁਲਤਾਨ ਦੇ ਭਾਰਤ ਦੇ ਪਹਿਲੇ ਅਧਿਕਾਰਿਕ ਦੌਰੇ ਦੇ ਪਿਛੋਕੜ ਵਿੱਚ, ਜਦੋਂ ਦੋਵੇਂ ਨੇਤਾ ਦੋਵਾਂ ਦੇਸ਼ਾਂ ਵਿਚਕਾਰ ਸਬੰਧਾਂ ਨੂੰ ਹੋਰ ਡੂੰਘਾ ਕਰਨ ਲਈ ਭਵਿੱਖ ਵਿਚ ਤੱਰਕੀ ਦੀ ਹੋਰ ਰਾਹ 'ਤੇ ਸਹਿਮਤ ਹੋਏ ਸਨ, ਪ੍ਰਧਾਨ ਮੰਤਰੀ ਦੀ ਇਸ ਫੇਰੀ ਦੌਰਾਨ ਇਸ ਸੰਬੰਧ ਵਿਚ ਕਈ ਦਸਤਾਵੇਜਾਂ ਤੇ ਦਸਤਖਤ ਕੀਤੇ ਜਾਣ ਦੀ ਉਮੀਦ ਹੈ। ਆਪਣੇ ਦੋ ਦਿਨਾਂ ਦੌਰੇ ਦੌਰਾਨ, ਪ੍ਰਧਾਨ ਮੰਤਰੀ ਮੋਦੀ ਓਮਾਨ ਦੇ ਸੁਲਤਾਨ ਨਾਲ ਦੁਵੱਲੇ ਸਬੰਧਾਂ ਦੇ ਪੂਰੇ ਖਾਕੇ ਦੀ ਵਿਆਪਕ ਸਮੀਖਿਆ ਕਰਨਗੇ ਅਤੇ ਆਪਸੀ ਹਿੱਤ ਦੇ ਖੇਤਰੀ ਅਤੇ ਅੰਤਰਰਾਸ਼ਟਰੀ ਮੁੱਦਿਆਂ 'ਤੇ ਦ੍ਰਿਸ਼ਟੀਕੋਣਾਂ ਦਾ ਆਦਾਨ-ਪ੍ਰਦਾਨ ਵੀ ਕਰਨਗੇ। ਉਨ੍ਹਾਂ ਦੇ ਇੱਕ ਵਪਾਰਕ ਮੰਚ 'ਤੇ ਦੋਵਾਂ ਦੇਸ਼ਾਂ ਦੇ ਵਪਾਰਕ ਨੇਤਾਵਾਂ ਨੂੰ ਸੰਬੋਧਨ ਕਰਨ ਦੀ ਉਮੀਦ । ਓਹਨਾ ਵਲੋਂ  ਇੱਥੇ ਵਸੇ ਭਾਰਤੀ ਭਾਈਚਾਰੇ ਨੂੰ ਵੀ ਸੰਬੋਧਨ ਕਰਨ ਦਾ ਪ੍ਰੋਗਰਾਮ ਹੈ, ਜੋ ਪ੍ਰਧਾਨ ਮੰਤਰੀ ਦੇ ਆਉਣ ਦੀ ਬੇਸਬਰੀ ਨਾਲ ਉਡੀਕ ਕਰ ਰਿਹਾ ਏ ।

---

ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਲਈ ਪਈਆਂ ਵੋਟਾਂ ਦੀ ਭਲਕੇ  17 ਦਸੰਬਰ ਨੂੰ ਹੋਣ ਵਾਲੀ ਗਿਣਤੀ ਲਈ ਪੁਖਤਾ ਪ੍ਰਬੰਧ ਕੀਤੇ ਗਏ ਨੇ. ਗਿਣਤੀ ਸਵੇਰੇ 8 ਵਜੇ ਨਿਰਧਾਰਿਤ ਸਮੇਂ ਅਨੁਸਾਰ ਸ਼ੁਰੂ ਕੀਤੀ ਜਾਵੇਗੀ। ਵੋਟਾਂ ਦੀ ਗਿਣਤੀ ਦੌਰਾਨ ਪੂਰੀ ਪਾਰਦਰਸ਼ਤਾ ਬਣਾਈ

ਰੱਖਣ ਲਈ ਚੋਣ ਅਧਿਕਾਰੀਆਂ ਅਤੇ ਨਿਗਰਾਨ ਅਧਿਕਾਰੀਆਂ ਦੀ ਢੁਕਵੀਂ ਤਾਇਨਾਤੀ ਕੀਤੀ ਗਈ ਏ। ਚੋਣਾਂ ਦੀ ਗਿਣਤੀ ਵਾਲੇ ਸਥਾਨਾਂ ਦੇ 100 ਮੀਟਰ ਦੇ ਘੇਰੇ ਵਿੱਚ ਕਿਸੇ ਵੀ ਤਰ੍ਹਾਂ ਦੀ ਗਤੀਵਿਧੀ, ਜੋ ਚੋਣ ਪ੍ਰੀਕ੍ਰਿਆ ਨੂੰ ਪ੍ਰਭਾਵਿਤ ਕਰਦੀ ਹੋਵੇ ‘ਤੇ ਮੁਕੰਮਲ ਪਾਬੰਦੀ ਹੋਵੇਗੀ।

-------------------------------------------------------------------------

ਦੇਸ਼ ਅੱਜ 1971 ਦੀ ਜੰਗ ਵਿੱਚ ਪਾਕਿਸਤਾਨ ਉੱਤੇ ਭਾਰਤ ਦੀ ਜਿੱਤ ਦੀ ਯਾਦ ਵਿੱਚ, ਵਿਜੈ ਦਿਵਸ ਮਨਾ ਰਿਹਾ ਏ.  1971 ਵਿੱਚ ਇਸੇ ਦਿਨ, ਪਾਕਿਸਤਾਨੀ ਫੌਜ ਦੇ ਮੁਖੀ ਜਨਰਲ, ਏ.ਏ. ਖਾਨ ਨਿਆਜ਼ੀ ਨੇ 93 ਹਜ਼ਾਰ ਫੌਜੀਆਂ ਦੇ ਨਾਲ, ਭਾਰਤੀ ਫੌਜ ਅਤੇ Mukti Bahini ਅੱਗੇ ਬਿਨਾਂ ਸ਼ਰਤ ਆਤਮ ਸਮਰਪਣ ਕਰ ਦਿੱਤਾ ਸੀ। ਇਸ ਦੇ ਨਤੀਜੇ ਵਜੋਂ ਪੂਰਬੀ ਪਾਕਿਸਤਾਨ, ਬੰਗਲਾਦੇਸ਼ ਦੇ ਰੂਪ ਵਿੱਚ ਅਲੱਗ ਦੇਸ਼ ਵਜੋਂ ਹੋਂਦ 'ਚ ਆਇਆ ਸੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ C . P     ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਮੌਕੇ ਉਨ੍ਹਾਂ 1971 ਦੀ ਇਤਿਹਾਸਕ ਜਿੱਤ ਨੂੰ ਯਕੀਨੀ ਬਣਾਉਣ ਵਾਲੇ ਬਹਾਦਰ ਫੌਜੀਆਂ ਦੀ ਹਿੰਮਤ ਅਤੇ ਕੁਰਬਾਨੀ ਨੂੰ ਸ਼ਰਧਾਂਜਲੀ ਭੇਂਟ ਕੀਤੀ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਮਾਤ ਭੂਮੀ ਪ੍ਰਤੀ ਫੌਜੀਆਂ ਦਾ

ਸਮਰਪਣ , ਉਨ੍ਹਾਂ ਦੀ ਬਹਾਦਰੀ ਅਤੇ ਦੇਸ਼ ਭਗਤੀ, ਦੇਸ਼ ਵਾਸੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ। ਉਪ ਰਾਸ਼ਟਰਪਤੀ C P ਰਾਧਾਕ੍ਰਿਸ਼ਨਨ ਨੇ ਕਿਹਾ ਕਿ ਜੰਗ ਨੇ ਨਿਆਂ ਅਤੇ ਆਜ਼ਾਦੀ ਪ੍ਰਤੀ ਭਾਰਤ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ . ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਦ੍ਰਿੜਤਾ ਅਤੇ ਬਿਨਾ ਸਵਾਰਥ ਸੇਵਾ ਨੇ ਦੇਸ਼ ਦੀ ਰੱਖਿਆ ਕੀਤੀ ਅਤੇ ਇਹ ਭਾਰਤ ਦੇ ਇਤਿਹਾਸ ਵਿੱਚ ਇੱਕ ਮਾਣ ਦਾ ਪਲ ਸੀ। ਸ਼੍ਰੀ ਮੋਦੀ ਕਿਹਾ ਕਿ ਇਹ ਦਿਨ ਉਨ੍ਹਾਂ ਦੀ ਬਹਾਦਰੀ ਨੂੰ ਸਲਾਮ ਕਰਦਾ ਏ ਅਤੇ ਸਾਨੂੰ ਉਨ੍ਹਾਂ ਦੀ ਬੇਮਿਸਾਲ ਹਿੰਮਤ ਦੀ ਯਾਦ ਦਿਵਾਉਂਦਾ ਏ। ਰੱਖਿਆ ਮੰਤਰੀ ਨੇ ਕਿਹਾ ਕਿ ਫੌਜ, ਸਮੁੰਦਰੀ ਫੌਜ ਅਤੇ ਹਵਾਈ ਫੌਜ ਨੇ ਤਾਲਮੇਲ ਨਾਲ ਕੰਮ ਕਰਦੇ ਹੋਏ, ਇਤਿਹਾਸ ਨੂੰ ਨਵੀਂ ਨੁਹਾਰ ਦਿੱਤੀ ਅਤੇ ਭਾਰਤ ਦੇ ਰਣਨੀਤਕ ਸੰਕਲਪ ਨੂੰ ਮਜ਼ਬੂਤ ਕੀਤਾ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ 'ਵਿਜੈ ਦਿਵਸ' ਮੌਕੇ ਭਾਰਤੀ ਫੌਜ ਦੇ ਬਹਾਦਰ ਜਵਾਨਾਂ ਦੀ ਹਿੰਮਤ, ਬਹਾਦਰੀ ਅਤੇ ਕੁਰਬਾਨੀ ਨੂੰ ਯਾਦ ਕੀਤਾ।

---

1971 ਦੀ ਜੰਗ ਦੇ ਸ਼ਹੀਦਾਂ ਨੂੰ ਅੱਜ ਫਾਜ਼ਿਲਕਾ ਦੀ ਆਸਫਵਾਲਾ ਜੰਗੀ ਯਾਦਗਾਰ ਵਿਖੇ ਹੋਏ ਇਕ ਸਮਾਗਮ ਵਿਚ ਸ਼ਰਧਾਂਜਲੀ ਭੇਂਟ ਕੀਤੀ.

ਇਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਬ੍ਰਿਗੇਡੀਅਰ ਸ਼ੁਸੀਲ ਚੰਦਵਾਨੀ ਨੇ ਵੀਰ ਸਪੂਤਾਂ ਨੂੰ ਨਮਨ ਕੀਤਾ. ਉਨਾਂ ਨੇ ਫਾਜ਼ਿਲਕਾ ਦੇ ਫੌਜ ਨਾਲ ਨਿੱਘੇ ਰਿਸ਼ਤੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਇੱਥੇ ਲੋਕ ਅਤੇ ਫੌਜ ਮੌਢੇ ਨਾਲ ਮੋਢਾ ਜੋੜ ਕੇ ਚਲਦੇ ਨੇ ਅਤੇ ਫੌਜ ਨੂੰ ਇਸ ਰਿਸ਼ਤੇ ‘ਤੇ ਮਾਣ ਏ . ਉਨਾਂ ਨੇ 1971 ਦੀ ਜੰਗ ਵਿਚ ਸ਼ਹੀਦ ਹੋਵੇ ਜਵਾਨਾਂ ਦੇ ਪਰਿਵਾਰਾਂ ਦਾ ਸਤਿਕਾਰ ਕਰਦਿਆਂ ਉਨਾਂ ਪ੍ਰਤੀ ਵੀ ਸ਼ਰਧਾ ਪ੍ਰਗਟ ਕੀਤੀ ਜਿੰਨਾਂ ਦੇ ਪਰਿਵਾਰਕ ਮੈਂਬਰਾਂ ਨੇ ਦੇਸ਼ ਲਈ ਲੜਦਿਆਂ ਕੁਰਬਾਨੀ ਦਿੱਤੀ ਸੀ।

---------------------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਪੰਜਾਬ ਸਰਕਾਰ ਗੈਂਗਸਟਰਵਾਦ ਅਤੇ ਨਜਾਇਜ਼ ਹਥਿਆਰਾਂ ਖ਼ਿਲਾਫ਼ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ 'ਤੇ ਕੰਮ ਕਰ ਰਹੀ ਏ । ਸਿਹਤ ਮੰਤਰੀ  ਸਰਕਾਰੀ ਰਾਜਿੰਦਰਾ ਹਸਪਤਾਲ ਵਿਖੇ ਪੁੱਜੇ ਹੋਏ ਸਨ।  ਇਸ ਮੌਕੇ ਡਾ. ਬਲਬੀਰ ਸਿੰਘ ਨੇ ਪਟਿਆਲਾ ਦਿਹਾਤੀ ਹਲਕੇ ਦੇ ਪਿੰਡ ਛਿੱਲ ਵਿਖੇ ਸ਼ਰਾਰਤੀ ਅਨਸਰਾਂ ਵੱਲੋਂ 14 ਦਸੰਬਰ ਦੀ ਸ਼ਾਮ ਨੂੰ ਚਲਾਈ ਗੋਲੀ ਨਾਲ ਜ਼ਖ਼ਮੀ ਹੋਏ ਨੌਜਵਾਨ ਬਲਵਿੰਦਰ ਸਿੰਘ ਭਿੰਦਾ ਦਾ ਹਾਲ-ਚਾਲ ਜਾਣਿਆ। ਉਨ੍ਹਾਂ ਨੇ ਜ਼ਖ਼ਮੀ ਅਤੇ ਉਸਦੇ ਪਰਿਵਾਰ ਨਾਲ ਮੁਲਾਕਾਤ ਕਰਕੇ ਦੋਸ਼ੀਆਂ ਦੀ ਤੁਰੰਤ ਗ੍ਰਿਫ਼ਤਾਰੀ

ਅਤੇ ਸਖ਼ਤ ਸਜ਼ਾ ਦਿਵਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਦੱਸਿਆ ਕਿ ਦੋਸ਼ੀਆਂ ਨੂੰ ਸਖ਼ਤ ਸਜਾਵਾਂ ਦਿਵਾਈਆਂ ਜਾਣਗੀਆਂ ਤੇ ਕੋਈ ਵੀ ਬਖ਼ਸ਼ਿਆ ਨਹੀਂ ਜਾਏਗਾ. ਡਾ. ਬਲਬੀਰ ਸਿੰਘ ਨੇ ਮੋਹਾਲੀ ਵਿੱਚ ਇੱਕ ਨੌਜਵਾਨ ਕਬੱਡੀ ਖਿਡਾਰੀ ਦੀ ਗੋਲੀਆਂ ਮਾਰ ਕੇ ਕੀਤੀ ਹੱਤਿਆ ਦੀ ਨਿਖੇਧੀ ਕਰਦਿਆਂ ਕਿਹਾ ਕਿ ਦੋਸ਼ੀਆਂ ਨੂੰ ਜਰੂਰ ਸਖ਼ਤ ਸਜਾਵਾਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਹਸਪਤਾਲਾਂ ਜਾਂ ਸਰਕਾਰੀ ਅਦਾਰਿਆਂ ਵਿੱਚ ਹਿੰਸਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਹੋਵੇਗੀ ਅਤੇ ਅਜਿਹੇ ਮਾਮਲਿਆਂ ਵਿੱਚ ਜ਼ਮਾਨਤ ਨਹੀਂ ਮਿਲੇਗੀ.

-----------------------------------------------------------------

ਗੁਰੂ ਅੰਗਦ ਦੇਵ ਵੈਟਨਰੀ ਐਂਡ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਸੈਂਟਰ ਫਾਰ ਵਨ ਹੈਲਥ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਇੰਡੀਅਨ ਐਸੋਸੀਏਸ਼ਨ ਆਫ਼ ਵੈਟਰਨਰੀ ਪਬਲਿਕ ਹੈਲਥ ਸਪੈਸ਼ਲਿਸਟਸ ਦੀ ਅੰਤਰਰਾਸ਼ਟਰੀ ਗੋਸ਼ਠੀ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਤਿੰਨ ਸਰਬੋਤਮ ਮੌਖਿਕ ਪੇਸ਼ਕਾਰੀ ਪੁਰਸਕਾਰ ਅਤੇ ਸੱਤ ਸਰਬੋਤਮ ਪੋਸਟਰ ਪੇਸ਼ਕਾਰੀ ਪੁਰਸਕਾਰ ਪ੍ਰਾਪਤ ਕਰਕੇ ਨਾਂ ਰੌਸ਼ਨ ਕੀਤਾ। ਇਸ ਕਾਨਫਰੰਸ ਦੌਰਾਨ ਵਿਖਾਏ ਗਏ ਸ਼ਾਨਦਾਰ ਅਕਾਦਮਿਕ ਕਾਰਗੁਜ਼ਾਰੀ , ਵੱਕਾਰੀ ਮਾਨਤਾਵਾਂ ਅਤੇ ਲੀਡਰਸ਼ਿਪ ਭੂਮਿਕਾਵਾਂ ਨੇ ਯੂਨੀਵਰਸਿਟੀ ਦੇ ਕੌਮੀ ਰੁਤਬੇ ਨੂੰ ਹੋਰ ਮਜ਼ਬੂਤ ਕੀਤਾ ਜਿਸ ਨਾਲ

ਇੱਕਸਾਰ ਸਿਹਤ ਸਿੱਖਿਆ ਅਤੇ ਖੋਜ ਵਿੱਚ ਉੱਤਮਤਾ ਪ੍ਰਤੀ ਵਚਨਬੱਧਤਾ ਦੀ ਪੁਸ਼ਟੀ ਹੁੰਦੀ ਏ।

---------------------------------------------------------------------

ਮੌਸਮ ਵਿਭਾਗ ਨੇ ਭਲਕੇ ਤੱਕ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ। ਹਿਮਾਚਲ ਪ੍ਰਦੇਸ਼ 'ਚ ਵੀ ਇਹੀ ਜਿਹੀ ਹੀ ਸਥਿਤੀ ਬਣੇ ਰਹਿਣ ਦੀ ਸੰਭਾਵਨਾ ਏ. ਮੌਸਮ ਵਿਭਾਗ ਨੇ ਕਿਹਾ ਏ ਕਿ ਅਗਲੇ ਤਿੰਨ ਤੋਂ ਚਾਰ ਦਿਨਾਂ ਤੱਕ, ਉੱਤਰ-ਪੂਰਬੀ ਭਾਰਤ ਵਿੱਚ ਇਸੇ ਤਰ੍ਹਾਂ ਦੇ ਹਾਲਾਤ ਬਣੇ ਰਹਿ ਸਕਦੇ ਨੇ.

---------------------------------------------------------------------

ਕ੍ਰਿਕੇਟ ਵਿੱਚ, ਭਾਰਤ ਨੇ ਅੰਡਰ-19 ਏਸ਼ੀਆ ਕੱਪ 2025 ਦੇ ਆਪਣੇ ਤੀਜੇ ਗਰੁੱਪ-ਪੜਾਅ ਦੇ ਮੈਚ ਵਿੱਚ ਅੱਜ ਦੁਬਈ ਦੇ ਸੈਵਨਜ਼ ਸਟੇਡੀਅਮ ਵਿੱਚ ਮਲੇਸ਼ੀਆ ਨੂੰ 315 ਦੌੜਾਂ ਨਾਲ ਹਰਾਇਆ। ਭਾਰਤ ਵਲੋਂ ਦਿੱਤੇ ਗਏ 409 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਮਲੇਸ਼ੀਆ ਦੀ ਟੀਮ 32.1 ਓਵਰਾਂ ਵਿੱਚ 93 ਦੌੜਾਂ 'ਤੇ ਆਊਟ ਹੋ ਗਈ. ਪਹਿਲਾਂ ਭਾਰਤ ਨੇ 50 ਓਵਰਾਂ ਵਿੱਚ 7 ਵਿਕਟਾਂ 'ਤੇ 408 ਦੌੜਾਂ ਬਣਾਈਆਂ ਸਨ.

---------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਇਥੋਪੀਆ ਦੀ ਰਾਜਧਾਨੀ ਅਦੀਸ ਅਬਾਬਾ ਦੇ ਦੋ ਦਿਨਾਂ ਦੌਰੇ 'ਤੇ ਪਹੁੰਚੇ। ਤਿੰਨ ਦੇਸ਼ਾਂ ਦੇ ਦੌਰੇ ਦੇ ਆਖਰੀ ਪੜਾਅ 'ਤੇ ਓਹਭਲਕੇ ਓਮਾਨ ਪਹੁੰਚਣਗੇ.
- ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਲਈ ਪਈਆਂ ਵੋਟਾਂ ਦੀ ਭਲਕੇ ਹੋਣ ਵਾਲੀ ਗਿਣਤੀ ਲਈ ਪ੍ਰਖਤਾ ਪ੍ਰਬੰਧ ਕੀਤੇ ਗਏ ਨੇ.
- ਦੇਸ਼ ਅੱਜ 1971 ਦੀ ਜੰਗ ਵਿੱਚ ਪਾਕਿਸਤਾਨ ਉੱਤੇ ਭਾਰਤ ਦੀ ਜਿੱਤ ਦੀ ਯਾਦ ਵਿੱਚ, ਵਿਜੈ ਦਿਵਸ ਮਨਾ ਰਿਹਾ ਏ।
- ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਪੰਜਾਬ ਸਰਕਾਰ ਗੈਂਗਸਟਰਵਾਦ ਅਤੇ ਨਜਾਇਜ਼ ਹਥਿਆਰਾਂ ਖ਼ਿਲਾਫ਼ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ 'ਤੇ ਕੰਮ ਕਰ ਰਹੀ ਏ।
- ਕ੍ਰਿਕੇਟ ਵਿੱਚ, ਭਾਰਤ ਨੇ ਅੰਡਰ-19 ਏਸ਼ੀਆ ਕੱਪ 2025 ਦੇ ਆਪਣੇ ਤੀਜੇ ਗਰੁੱਪ-ਪੜਾਅ ਦੇ ਮੈਚ ਵਿੱਚ ਮਲੇਸ਼ੀਆ ਨੂੰ 315 ਦੌੜਾਂ ਨਾਲ ਹਰਾਇਆ।

---------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**